**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20**

**ਮਿਤੀ :26-10-2025**

**ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਆਕਾਸ਼ਵਾਣੀ 'ਤੇ ਆਪਣੇ ਮਨ ਕੀ ਬਾਤ ਪ੍ਰੋਗਰਾਮ ਵਿੱਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ - ਕਿਹਾ ਛੱਠ ਦਾ ਮਹਾਪਰਵ, ਸੱਭਿਆਚਾਰ, ਕੁਦਰਤ ਅਤੇ ਸਮਾਜ ਦਰਮਿਆਨ ਏਕਤਾ ਦਾ ਪ੍ਰਤੀਕ ਏ।

- ਪੰਜਾਬ ਦੇ ਕੈਬਿਨੇਟ ਮੰਤਰੀ ਡਾ. ਬਲਜੀਤ ਕੌਰ ਵਲੋਂ ਬੁਢਾਪਾ ਪੈਨਸ਼ਨ ਯੋਜਨਾ ਤਹਿਤ ਪੈਨਸ਼ਨ ਸਮੇਂ ਸਿਰ ਜਾਰੀ ਕਰਨ ਬਾਰੇ ਸੰਬਧਤ ਅਧਿਕਾਰੀਆਂ ਨੂੰ ਸਖ਼ਤ ਨਿਰਦੇਸ਼।

- ਪੰਜਾਬ ਵਿਜੀਲੈਂਸ ਬਿਊਰੋ ਵੱਲੋਂ 27 ਅਕਤੂਬਰ ਤੋਂ 2 ਨਵੰਬਰ ਤੱਕ, ਸੂਬੇ ਭਰ ਵਿੱਚ “ਵਿਜੀਲੈਂਸ ਜਾਗਰੂਕਤਾ ਹਫਤੇ -2025” ਦੀ ਸ਼ੁਰੂਆਤ।

- ਭਾਰਤ ਨੇ ਚੀਨ ਦੇ ਚੇਂਗਦੂ ਵਿਖੇ, ਬੈਡਮਿੰਟਨ ਏਸ਼ੀਆ ਚੈਂਪੀਅਨਸ਼ਿਪ 2025 'ਚ, ਕੁੜੀਆਂ ਦੇ ਸਿੰਗਲਜ਼ ਮੁਕਾਬਲਿਆਂ ਵਿੱਚ, ਦੋ ਸੋਨੇ ਦੇ ਤਮਗੇ ਜਿੱਤੇ।

## ਹੁਣ ਖਬਰਾਂ ਵਿਸਥਾਰ ਨਾਲ

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਛੱਠ ਦਾ ਮਹਾਪਰਵ, ਸੱਭਿਆਚਾਰ, ਕੁਦਰਤ ਅਤੇ ਸਮਾਜ ਦਰਮਿਆਨ ਏਕਤਾ ਦਾ ਪ੍ਰਤੀਕ ਏ। ਅੱਜ ਆਕਾਸ਼ਵਾਣੀ 'ਤੇ ਆਪਣੇ ਮਨ ਕੀ ਬਾਤ ਪ੍ਰੋਗਰਾਮ ਵਿੱਚ ਦੇਸ਼ ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਦਿਆਂ , ਪ੍ਰਧਾਨ ਮੰਤਰੀ ਨੇ ਕਿਹਾ ।

BYTE

ਉਨ੍ਹਾਂ ਜ਼ਿਕਰ ਕੀਤਾ ਕਿ ਆਪ੍ਰੇਸ਼ਨ ਸਿੰਦੂਰ ਨੇ ਹਰ ਭਾਰਤੀ ਨੂੰ ਮਾਣ ਮਹਿਸੂਸ ਕਰਵਾਇਆ ਏ । ਸ੍ਰੀ ਮੋਦੀ ਨੇ ਕਿਹਾ ਉਨ੍ਹਾਂ ਨੂੰ ਇਹ ਦੇਖ ਕੇ ਖੁਸ਼ੀ ਹੋਈ ਕਿ ਜੀ.ਐਸ.ਟੀ ਬਚਤ ਉਤਸਵ ਪ੍ਰਤੀ ਲੋਕਾਂ ਵਿੱਚ ਉਤਸ਼ਾਹ ਏ।

BYTE

ਪ੍ਰਧਾਨ ਮੰਤਰੀ ਨੇ ਦੇਸ਼ ਦੇ ਵੱਖ-ਵੱਖ ਸ਼ਹਿਰਾਂ ਤੋਂ ਸਫਾਈ ਦੇ ਉਪਰਾਲਿਆਂ ਸੰਬੰਧੀ ਕੁਝ ਪ੍ਰੇਰਨਾਦਾਇਕ ਕਹਾਣੀਆਂ ਨੂੰ ਉਜਾਗਰ ਕੀਤਾ। ਪ੍ਰਧਾਨ ਮੰਤਰੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਜਿੱਥੇ ਵੀ ਰਹਿੰਦੇ ਨੇ , ਰੁੱਖ ਲਗਾਉਣ ਅਤੇ 'ਏਕ ਪੇੜ ਮਾਂ ਕੇ ਨਾਮ' ਮੁਹਿੰਮ ਨੂੰ ਅੱਗੇ ਵਧਾਉਣ। ਸ਼੍ਰੀ ਮੋਦੀ ਨੇ ਕਿਹਾ ਕਿ ਇਹ ਖੁਸ਼ੀ ਦੀ ਗੱਲ ਏ ਕਿ ਸੁਰੱਖਿਆ ਏਜੰਸੀਆਂ ਨੇ ਭਾਰਤੀ ਨਸਲਾਂ ਦੇ ਕੁੱਤਿਆਂ ਨੂੰ ਗੋਦ ਲੈਣ ਵਿੱਚ ਸ਼ਲਾਘਾਯੋਗ ਯਤਨ ਕੀਤੇ ਨੇ । ਬੀ.ਐਸ.ਐਫ ਅਤੇ ਸੀ.ਆਰ.ਪੀ.ਐਫ ਨੇ ਆਪਣੀਆਂ ਟੁਕੜੀਆਂ ਵਿੱਚ ਭਾਰਤੀ ਨਸਲ ਦੇ ਕੁੱਤਿਆਂ ਦੀ ਗਿਣਤੀ ਵਧਾ ਦਿੱਤੀ ਏ । ਸਰਦਾਰ ਵੱਲਭ ਭਾਈ ਪਟੇਲ ਦੀ ਜਨਮ ਵਰ੍ਹੇਗੰਢ 31 ਅਕਤੂਬਰ ਨੂੰ ਮਨਾਈ ਜਾਵੇਗੀ। ਸ਼੍ਰੀ ਮੋਦੀ ਨੇ ਕਿਹਾ ਕਿ ਇਸ ਮੌਕੇ 'ਤੇ ਹਰ ਸਾਲ ਗੁਜਰਾਤ ਦੇ ਏਕਤਾ ਨਗਰ ਵਿੱਚ 'ਸਟੈਚੂ ਆਫ਼ ਯੂਨਿਟੀ' ਦੇ ਨੇੜੇ ਵਿਸ਼ੇਸ਼ ਸਮਾਰੋਹ ਆਯੋਜਿਤ ਕੀਤੇ ਜਾਂਦੇ ਨੇ । ਏਕਤਾ ਦਿਵਸ ਪਰੇਡ ਵੀ ਉੱਥੇ ਆਯੋਜਿਤ ਕੀਤੀ ਜਾਂਦੀ ਹੈ, ਅਤੇ ਇਸ ਪਰੇਡ ਵਿੱਚ ਭਾਰਤੀ ਕੁੱਤਿਆਂ ਦੀ ਕਾਬਲੀਅਤ ਦੁਬਾਰਾ ਦਿਖਾਈ ਜਾਵੇਗੀ । ਪ੍ਰਧਾਨ ਮੰਤਰੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਨੂੰ ਮੌਕਾ ਮਿਲੇ ਤਾਂ ਪਰੇਡ ਜ਼ਰੂਰ ਦੇਖਣ। ਸ਼੍ਰੀ ਮੋਦੀ ਨੇ ਕਿਹਾ ਕਿ ਸਰਦਾਰ ਪਟੇਲ ਨੇ ਭਾਰਤ ਦੇ ਨੌਕਰਸ਼ਾਹੀ ਢਾਂਚੇ ਦੀ ਇੱਕ ਮਜ਼ਬੂਤ ਨੀਂਹ ਵੀ ਰੱਖੀ। ਉਨ੍ਹਾਂ ਨੇ ਸਾਰਿਆਂ

ਨੂੰ 31 ਅਕਤੂਬਰ ਨੂੰ ਦੇਸ਼ ਭਰ ਵਿੱਚ ਆਯੋਜਿਤ ਹੋਣ ਵਾਲੀ 'ਰਨ ਫਾਰ ਯੂਨਿਟੀ' ਵਿੱਚ ਹਿੱਸਾ ਲੈਣ ਦੀ ਅਪੀਲ ਕੀਤੀ।

BYTE

ਪ੍ਰਧਾਨ ਮੰਤਰੀ ਨੇ ਭਾਰਤ ਦੇ ਰਾਸ਼ਟਰੀ ਗੀਤ, ਵੰਦੇ ਮਾਤਰਮ ਬਾਰੇ ਵੀ ਚਰਚਾ ਕੀਤੀ। ਉਨ੍ਹਾਂ ਕਿਹਾ ਕਿ ਦੇਸ਼ ਭਗਤੀ ਸ਼ਬਦਾਂ ਤੋਂ ਪਰੇ ਇੱਕ ਭਾਵਨਾ ਏ । ਪ੍ਰਧਾਨ ਮੰਤਰੀ ਨੇ ਕਿਹਾ ਕਿ ਵੰਦੇ ਮਾਤਰਮ ਗੀਤ ਉਸ ਅਮੂਰਤ ਭਾਵਨਾ ਨੂੰ ਦਰਸਾਉਂਦਾ ਏ ।

BYTE

---------------------------------------------------------

ਚੋਣ ਕਮਿਸ਼ਨ ਨੇ ਸਾਰੇ ਮੀਡੀਆ ਪਲੇਟਫਾਰਮਾਂ ਅਤੇ ਪ੍ਰਸਾਰਕਾਂ ਨੂੰ ਆਉਂਦੀਆਂ ਬਿਹਾਰ ਚੋਣਾਂ ਅਤੇ ਜ਼ਿਮਨੀ ਚੋਣਾਂ ਦੌਰਾਨ, ਮੌਨ ਦੇ 48 ਘੰਟਿਆਂ ਦੌਰਾਨ ਚੋਣ ਮਾਮਲਿਆਂ ਦੇ ਵਿਖਾਲੇ ਅਤੇ ਐਗਜ਼ਿਟ ਪੋਲ 'ਤੇ ਪਾਬੰਦੀ ਲਗਾਉਣ ਲਈ ਇੱਕ ਸਲਾਹ ਜਾਰੀ ਕੀਤੀ ਏ। ਕਮਿਸ਼ਨ ਨੇ ਕਿਹਾ ਕਿ ਟੀਵੀ, ਰੇਡੀਓ ਚੈਨਲਾਂ ਅਤੇ ਕੇਬਲ ਨੈੱਟਵਰਕਾਂ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਏ ਕਿ 48 ਘੰਟਿਆਂ ਦੇ ਮੌਨ ਦੇ ਸਮੇਂ ਦੌਰਾਨ, ਉਨ੍ਹਾਂ ਵੱਲੋਂ ਪ੍ਰਸਾਰਿਤ ਪ੍ਰੋਗਰਾਮਾਂ ਦੀ ਸਮੱਗਰੀ ਵਿੱਚ ਕੁਝ ਵੀ ਅਜਿਹਾ ਨਾ ਹੋਵੇ ਜੋ ਕਿਸੇ ਖਾਸ ਪਾਰਟੀ ਜਾਂ ਉਮੀਦਵਾਰ ਦੀਆਂ ਸੰਭਾਵਨਾਵਾਂ ਨੂੰ ਉਤਸ਼ਾਹਿਤ ਕਰਨ ਜਾਂ ਚੋਣ ਦੇ ਨਤੀਜਿਆਂ ਨੂੰ ਪ੍ਰਭਾਵਿਤ

ਕਰਨ ਵਾਲਾ ਹੋਵੇ। ਇਸ ਵਿੱਚ ਕਿਸੇ ਵੀ ਰਾਏ ਪੋਲ ਦਾ ਪ੍ਰਦਰਸ਼ਨ ਸ਼ਾਮਲ ਏ। ਕਮਿਸ਼ਨ ਨੇ ਕਿਹਾ ਕਿ 6 ਨਵੰਬਰ ਨੂੰ ਸਵੇਰੇ 7 ਵਜੇ ਤੋਂ 11 ਨਵੰਬਰ ਨੂੰ ਸ਼ਾਮ ਸਾਢੇ 6 ਵਜੇ ਤੱਕ ਐਗਜ਼ਿਟ ਪੋਲ ਦਾ ਸੰਚਾਲਨ ਅਤੇ ਪ੍ਰਿੰਟ ਜਾਂ ਇਲੈਕਟ੍ਰਾਨਿਕ ਮੀਡੀਆ ਰਾਹੀਂ, ਉਨ੍ਹਾਂ ਦੇ ਨਤੀਜਿਆਂ ਦਾ ਪ੍ਰਸਾਰਣ ਕਰਨ 'ਤੇ ਪਾਬੰਦੀ ਏ।

---------------------------------------------------------------

ਪੰਜਾਬ ਦੇ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚਾਲੂ ਵਿੱਤੀ ਸਾਲ ਦੌਰਾਨ ਬੁਢਾਪਾ ਪੈਨਸ਼ਨ ਯੋਜਨਾ ਤਹਿਤ ਹੁਣ ਤੱਕ 2 ਹਜ਼ਾਰ 400 ਕਰੋੜ 70 ਲਖ ਦੀ ਰਾਸ਼ੀ ਜਾਰੀ ਕੀਤੀ ਜਾ ਚੁੱਕੀ ਏ । ਡਾ.ਬਲਜੀਤ ਕੌਰ ਨੇ ਕਿਹਾ ਕਿ ਇਸ ਯੋਜਨਾ ਅਧੀਨ 23 ਲੱਖ ਤੋਂ ਵੱਧ ਲਾਭਪਾਤਰੀਆਂ ਨੂੰ ਬਾਕਾਇਦਾ ਲਾਭ ਪਹੁੰਚਾਇਆ ਜਾ ਰਿਹਾ ਏ । ਜਿਕਰਯੋਗ ਏ ਕਿ ਸੂਬਾ ਸਰਕਾਰ ਨੇ ਬੁਢਾਪਾ ਪੈਨਸ਼ਨ ਯੋਜਨਾ ਲਈ ਚਾਲੂ ਵਿੱਤੀ ਸਾਲ ਦੌਰਾਨ 4100 ਕਰੋੜ ਦਾ ਬਜਟ ਉਪਬੰਧ ਕੀਤਾ ਏ , ਤਾਂ ਜੋ ਹਰ ਬਜ਼ੁਰਗ ਨੂੰ ਸਮੇਂ ਸਿਰ ਉਸਦੀ ਬਣਦੀ ਪੈਨਸ਼ਨ ਮਿਲ ਸਕੇ। ਉਨ੍ਹਾਂ ਨੇ ਕਿਹਾ ਕਿ ਇਹ ਪੈਨਸ਼ਨ ਯੋਜਨਾ ਸਿਰਫ਼ ਆਰਥਿਕ ਸਹਾਇਤਾ ਨਹੀਂ, ਸਗੋਂ ਬਜ਼ੁਰਗਾਂ ਪ੍ਰਤੀ ਸਰਕਾਰ ਦੇ ਸਨਮਾਨ ਅਤੇ ਜ਼ਿੰਮੇਵਾਰੀ ਦਾ ਪ੍ਰਤੀਕ ਹੈ।

ਉਨ੍ਹਾਂ ਨੇ ਵਿਭਾਗੀ ਅਧਿਕਾਰੀਆਂ ਨੂੰ ਸਖ਼ਤ ਨਿਰਦੇਸ਼ ਦਿੱਤੇ ਕਿ “ਸਾਡੇ ਬਜ਼ੁਰਗ ਸਾਡਾ ਮਾਣ ਹਨ”, ਇਸ ਲਈ ਉਨ੍ਹਾਂ ਦੀ ਪੈਨਸ਼ਨ ਸਮੇਂ ਸਿਰ ਜਾਰੀ ਹੋਵੇ ਅਤੇ ਕਿਸੇ ਵੀ ਤਰ੍ਹਾਂ ਦੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਹਰ ਯੋਗ ਲਾਭਪਾਤਰੀ ਤੱਕ ਸਕੀਮ ਦਾ ਲਾਭ ਯਕੀਨੀ ਤੌਰ 'ਤੇ ਪਹੁੰਚਾਇਆ ਜਾਵੇ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵੱਲੋਂ ਐਲਾਨਿਆ ਗਿਆ ਜੀਐਸਟੀ ਬਚਤ ਉਤਸਵ, ਜੋ ਪਿਛਲੇ ਮਹੀਨੇ ਦੀ 22 ਤਰੀਕ ਨੂੰ ਸ਼ੁਰੂ ਹੋਇਆ ਸੀ, ਸਮਾਜ ਦੇ ਸਾਰੇ ਵਰਗਾਂ ਨੂੰ ਲਾਭ ਪਹੁੰਚਾ ਰਿਹਾ ਏ। ਅਗਲੀ ਪੀੜ੍ਹੀ ਦੇ ਜੀ.ਐਸ.ਟੀ ਸੁਧਾਰ ਭਾਰਤ ਦੀ ਅਸਿੱਧੀ ਟੈਕਸ ਪ੍ਰਣਾਲੀ ਨੂੰ ਸਰਲ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਨੇ। ਅੱਜ ਅਸੀਂ ਗੱਲ ਕਰਾਂਗੇ ਕਿ ਕਿਵੇਂ ਇਹ ਨਵੇਂ GST ਸੁਧਾਰ, ਪੰਜਾਬ ਦੇ ਵੱਖ-ਵੱਖ ਵਰਗਾਂ ਨੂੰ ਲਾਭ ਪਹੁੰਚਾ ਰਹੇ ਨੇ।

ਪੇਸ਼ ਏ ਇੱਕ ਰਿਪੋਰਟ

ਨਵੇਂ GST ਸੁਧਾਰ, ਪੰਜਾਬ ਦੇ ਕਿਸਾਨਾਂ, ਖਪਤਕਾਰਾਂ, ਕਾਰੀਗਰਾਂ ਅਤੇ ਛੋਟੇ ਕਾਰੋਬਾਰਾਂ ਲਈ ਲਾਭਕਾਰੀ ਸਿੱਧ ਹੋ ਰਹੇ ਨੇ। ਗੁਰਦਾਸਪੁਰ ਤੋਂ ਇੱਕ ਖਪਤਕਾਰ ਪ੍ਰਵੀਨ ਕੁਮਾਰ ਨੇ ਕੇਂਦਰ ਸਰਕਾਰ ਵੱਲੋਂ ਇਲੈਕਟ੍ਰਾਨਿਕ ਵਸਤਾਂ ਵਿੱਚ ਕੀਤੀਆਂ ਗਈਆਂ ਕਟੌਤੀਆਂ ਦੀ ਸ਼ਲਾਘਾ ਕਰਦਿਆਂ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਾ ਧੰਨਵਾਦ ਕੀਤਾ।

Byte

ਪਟਿਆਲਾ ਤੋਂ ਭਗਵਾਨ ਦਾਸ ਗੁਪਤਾ ਨੇ ਵੱਖ-ਵੱਖ ਖੇਤਰਾਂ ਵਿੱਚ ਕੀਤੀਆਂ ਗਈਆਂ ਕਟੌਤੀਆਂ ਦੀ ਸ਼ਲਾਘਾ ਕਰਦਿਆਂ, ਇਸ ਨੂੰ ਇੱਕ ਇਤਿਹਾਸਿਕ ਫੈਸਲਾ ਦੱਸਿਆ।

Byte

ਨਵੇਂ GST ਸੁਧਾਰ ਵੱਖ-ਵੱਖ ਵਸਤਾਂ ਅਤੇ ਸੇਵਾਵਾਂ 'ਤੇ ਟੈਕਸ ਦਰਾਂ ਘਟਾ ਕੇ, ਨਾਗਰਿਕਾਂ ਨੂੰ ਕਾਫ਼ੀ ਰਾਹਤ ਦੇ ਰਹੇ ਨੇ।

ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਲਈ ਮੈਂ ਕਾਜਲ

---------------------------------------------------------------

ਪੰਜਾਬ ਦੇ ਬਾਗ਼ਬਾਨੀ ਮੰਤਰੀ ਮੋਹਿੰਦਰ ਭਗਤ ਦੇ ਨਿਰਦੇਸ਼ਾਂ ਹੇਠ ਬਾਗ਼ਬਾਨੀ ਵਿਭਾਗ ਸੂਬੇ ਵਿੱਚ ਫ਼ਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ ਅਤੇ ਕਿਸਾਨਾਂ ਦੀ ਆਮਦਨ ਵਧਾਉਣ ਲਈ ਤੇਜ਼ੀ ਨਾਲ ਕੰਮ ਕਰ ਰਿਹਾ ਏ । ਸੂਬਾ ਸਰਕਾਰ ਦੀਆਂ ਕਿਸਾਨ ਪੱਖੀ ਯੋਜਨਾਵਾਂ ਉਨ੍ਹਾਂ ਲਈ ਵਰਦਾਨ ਸਾਬਿਤ ਹੋ ਰਹੀਆਂ ਹਨ। ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੀ ਹਰ ਸੰਭਵ ਸਹਾਇਤਾ ਕੀਤੀ ਜਾ ਰਹੀ ਏ । ਬਾਗਬਾਨੀ ਡਾਇਰੈਕਟਰ ਸ਼ੈਲਿੰਦਰ ਕੌਰ ਨੇ ਦੱਸਿਆ ਕਿ ਸਰਕਾਰੀ ਯੋਜਨਾਵਾਂ ਦਾ ਲਾਭ ਲੈਂਦਿਆਂ ਜ਼ਿਲ੍ਹਾ ਲੁਧਿਆਣਾ ਦੇ ਪਿੰਡ ਸਰਾਭਾ ਦਾ ਕਿਸਾਨ ਹਰਬੀਰ ਸਿੰਘ ਅੱਜ ਪੌਲੀ-ਹਾਊਸ ਖੇਤੀ ਤੋਂ ਵਧੀਆ ਮੁਨਾਫਾ ਕਮਾ ਰਿਹਾ ਏ ਅਤੇ ਹੋਰਨਾ ਕਿਸਾਨਾਂ ਲਈ ਪ੍ਰੇਰਣਾ ਦਾ ਸਰੋਤ ਬਣ ਚੁੱਕਾ ਏ । ਉਨ੍ਹਾ ਦੱਸਿਆ ਕਿ ਇਲੈਕਟ੍ਰੀਕਲ ਇੰਜੀਨੀਅਰਿੰਗ ਦੀ ਡਿਗਰੀ ਪ੍ਰਾਪਤ ਕਰਨ ਤੋਂ ਬਾਅਦ ਹਰਬੀਰ ਨੇ ਨੌਕਰੀ ਦੀ ਥਾਂ ਖੇਤੀ ਨੂੰ ਆਪਣਾ ਮੁੱਖ ਕਿੱਤਾ ਚੁੱਣਿਆ ਅਤੇ

ਰਵਾਇਤੀ ਖੇਤੀ ਨੂੰ ਆਧੁਨਿਕ ਤਰੀਕਿਆਂ ਨਾਲ ਜੋੜ ਕੇ ਨਵੇਂ ਮਾਪਦੰਡ ਸਥਾਪਤ ਕੀਤੇ। ਕਿਸਾਨ ਹਰਬੀਰ ਸਿੰਘ ਦਾ ਕਹਿਣਾ ਏ  ਕਿ ਬਾਗ਼ਬਾਨੀ ਵਿਭਾਗ ਵੱਲੋਂ ਉਸ ਨੂੰ ਪੌਲੀਹਾਉਸ ਸਬੰਧੀ ਪੂਰੀ ਜਾਣਕਾਰੀ ਦਿੱਤੀ ਗਈ । ਕਿਸਾਨ ਨੇ ਦੱਸਿਆ ਕਿ ਅੱਜ ਉਹ ਪੋਲੀਹਾਊਸ ਅਧੀਨ ਬੀਜ ਰਹਿਤ ਖੀਰਾ, ਰੰਗਦਾਰ ਸ਼ਿਮਲਾ ਮਿਰਚ, ਖਰਬੂਜੇ, ਆਲੂ ਅਤੇ ਮੈਂਥਾ ਦੀ ਕਾਸ਼ਤ ਕਰਕੇ ਔਸਤਨ 12 ਲੱਖ ਤੋਂ 14 ਲੱਖ ਤੱਕ ਦਾ ਸਾਲਾਨਾ ਮੁਨਾਫਾ ਕਮਾ ਰਿਹਾ ਏ ।

---------------------------------------------------------------

ਪੰਜਾਬ ਸਰਕਾਰ ਅਤੇ ਵਿਜੀਲੈਂਸ ਬਿਊਰੋ ਦੇ ਡਾਇਰੈਕਟਰ ਪ੍ਰਵੀਨ ਕੁਮਾਰ ਸਿਨਹਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ  ਵਿਜੀਲੈਂਸ ਬਿਊਰੋ ਵੱਲੋਂ "ਵਿਜੀਲੈਸ ਜਾਗਰੂਕਤਾ ਹਫ਼ਤਾ -2025" 27 ਅਕਤੂਬਰ ਤੋਂ 2 ਨਵੰਬਰ  ਤੱਕ ਸੂਬੇ ਭਰ ਵਿੱਚ  ਮਨਾਇਆ ਜਾਵੇਗਾ । ਇਸ ਸਾਲ ਦਾ ਵਿਸ਼ਾ  "ਚੌਕਸੀ" ਸਾਡੀ ਸਾਂਝੀ ਜ਼ਿੰਮੇਵਾਰੀ" ਰੱਖਿਆ ਗਿਆ ਏ  । ਇਸ ਹਫ਼ਤੇ ਦੌਰਾਨ ਸੂਬੇ ਭਰ ਵਿਚ ਵਿਜੀਲੈਂਸ ਜਾਗਰੂਕਤਾ ਹਫ਼ਤੇ ਦੇ ਤਹਿਤ ਵੱਖ-ਵੱਖ ਸਿੱਖਿਅਕ, ਜਾਗਰੂਕਤਾ ਤੇ ਪ੍ਰੇਰਕ ਗਤੀਵਿਧੀਆਂ ਆਯੋਜਿਤ ਕੀਤੀਆਂ ਜਾਣਗੀਆਂ।  ਵਿਜੀਲੈਂਸ ਬਿਊਰੋ ਫਿਰੋਜ਼ਪੁਰ ਰੇਂਜ ਦੇ SSP ਮਨਜੀਤ ਸਿੰਘ  ਦੀ ਅਗਵਾਈ ਹੇਠ ਸਮੁੱਚੀ ਰੇਂਜ ਵਿੱਚ ਕਈ ਪ੍ਰੋਗਰਾਮ ਕਰਵਾਏ ਜਾਣਗੇ।

ਹਫ਼ਤੇ ਦੌਰਾਨ ਸਰਕਾਰੀ ਦਫ਼ਤਰਾਂ, ਸਿੱਖਿਆ ਸੰਸਥਾਵਾਂ ਅਤੇ ਵੱਖ-ਵੱਖ ਸਰਕਾਰੀ ਤੇ ਨਿੱਜੀ ਖੇਤਰਾਂ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਪ੍ਰਤੀਬੱਧਤਾ ਦੀ ਸਹੁੰ ਚੁਕਾਈ ਜਾਵੇਗੀ। ਇਸ ਦੇ ਨਾਲ-ਨਾਲ ਸੈਮੀਨਾਰਾਂ, ਵਰਕਸ਼ਾਪਾਂ, ਪੇਂਟਿੰਗ ਤੇ ਨਿਬੰਧ ਮੁਕਾਬਲੇ, ਭਾਸ਼ਣ ਤੇ ਕਵਿਜ਼ ਪ੍ਰੋਗਰਾਮਾਂ ਰਾਹੀਂ ਨੌਜਵਾਨ ਪੀੜ੍ਹੀ ਨੂੰ ਭ੍ਰਿਸ਼ਟਾਚਾਰ ਵਿਰੁੱਧ ਜਾਗਰੂਕ ਕੀਤਾ ਜਾਵੇਗਾ। ਫ਼ਰੀਦਕੋਟ ਵਿਜੀਲੈਂਸ ਬਿਊਰੋ ਦੇ DSP  ਵਿਨੋਦ ਕੁਮਾਰ  ਨੇ ਕਿਹਾ ਕਿ ਸੱਚਾਈ ਤੇ ਇਮਾਨਦਾਰੀ ਕਿਸੇ ਵੀ ਸਮਾਜ ਦੀ ਮਜ਼ਬੂਤ ਬੁਨਿਆਦ ਹੁੰਦੀ ਏ । ਪੰਜਾਬ ਸਰਕਾਰ ਦਾ ਮੰਤਵ ਹੈ ਕਿ ਸਾਰੇ ਨਾਗਰਿਕ ਇਸ ਮੁਹਿੰਮ ਨਾਲ ਜੁੜ ਕੇ ਇਕ ਇਮਾਨਦਾਰ ਤੇ ਪਾਰਦਰਸ਼ੀ ਪ੍ਰਸ਼ਾਸਨ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣ। ਉਨ੍ਹਾਂ ਦੱਸਿਆ ਕਿ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਵੀ ਲੋਕਾਂ ਨੂੰ ਜਾਗਰੂਕ ਕਰਨ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾਵੇਗੀ, ਜਿਸ ਵਿੱਚ ਨਾਗਰਿਕਾਂ ਨੂੰ ਭ੍ਰਿਸ਼ਟਾਚਾਰ ਦੀਆਂ ਘਟਨਾਵਾਂ ਦੀ ਰਿਪੋਰਟ ਕਰਨ ਲਈ ਉਤਸ਼ਾਹਿਤ ਕੀਤਾ ਜਾਵੇਗਾ । ਵਿਜੀਲੈਂਸ ਬਿਊਰੋ ਇਸ ਦੌਰਾਨ ਲੋਕਾਂ ਨੂੰ ਉਨ੍ਹਾਂ ਦੇ ਹੱਕਾਂ, ਸ਼ਿਕਾਇਤ ਪ੍ਰਕਿਰਿਆ ਅਤੇ ਵਿਜੀਲੈਂਸ ਬਿਊਰੋ ਦੀ ਭੂਮਿਕਾ ਬਾਰੇ ਜਾਣਕਾਰੀ ਪ੍ਰਦਾਨ ਕਰੇਗਾ। ਵਿਜੀਲੈਂਸ ਬਿਊਰੋ ਨੇ ਸਾਰੇ ਨਾਗਰਿਕਾਂ, ਸਰਕਾਰੀ ਅਧਿਕਾਰੀਆਂ, ਵਿਦਿਆਰਥੀਆਂ ਅਤੇ ਸਿੱਖਿਆ ਸੰਸਥਾਵਾਂ ਨੂੰ ਅਪੀਲ ਕੀਤੀ ਏ ਕਿ ਉਹ ਇਸ ਜਾਗਰੂਕਤਾ ਹਫ਼ਤੇ ਵਿੱਚ ਸਰਗਰਮ ਹਿੱਸਾ ਲੈਣ

ਤੇ ਪੰਜਾਬ ਨੂੰ ਭ੍ਰਿਸ਼ਟਾਚਾਰ-ਮੁਕਤ ਰਾਜ ਬਣਾਉਣ ਵਾਸਤੇ ਇਕ ਸਾਂਝੀ ਜ਼ਿੰਮੇਵਾਰੀ ਨਿਭਾਉਣ।

-------------------------------------------------------------

ਪੰਜਾਬ ਦੀਆਂ ਮੰਡੀਆਂ ਵਿੱਚ ਝੋਨੇ ਦੀ ਖ਼ਰੀਦ, ਚੁਕਾਈ ਅਤੇ ਅਦਾਇਗੀ ਦਾ ਕੰਮ ਲਗਾਤਾਰ ਜਾਰੀ ਏ। ਬਠਿੰਡਾ ਦੇ  ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਦੱਸਿਆ ਕਿ ਜ਼ਿਲ੍ਹੇ ਭਰ ਦੀਆਂ ਮੰਡੀਆਂ ਵਿੱਚ 25 ਅਕਤੂਬਰ ਤੱਕ 4 ਲਖ 64 ਹਜ਼ਾਰ 274 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਏ , ਜਿਸ ਵਿੱਚੋਂ 4 ਲਖ 35 ਹਜ਼ਾਰ 994 ਮੀਟ੍ਰਿਕ ਟਨ ਝੋਨੇ ਦੀ ਖ਼ਰੀਦ ਕੀਤੀ ਜਾ ਚੁੱਕੀ ਏ। ਖਰੀਦ ਕੀਤੇ ਝੋਨੇ ਦੀ 913 ਕਰੋੜ 98 ਲਖ ਰੁਪਏ ਦੀ ਅਦਾਇਗੀ ਵੀ ਕਿਸਾਨਾਂ ਨੂੰ ਕੀਤੀ ਗਈ ਏ।  ਡਿਪਟੀ ਕਮਿਸ਼ਨਰ  ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਅਨਾਜ ਮੰਡੀਆਂ ਵਿੱਚ ਝੋਨੇ ਦੀ ਖ਼ਰੀਦ ਨਿਰਵਿਘਨ ਜਾਰੀ ਏ  ਅਤੇ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਸਮੱਸਿਆ ਨਹੀਂ ਆਉਣ ਦਿੱਤੀ ਜਾ ਰਹੀ।  ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਕਿਸਾਨਾਂ ਨੂੰ  ਅਪੀਲ ਕਰਦਿਆਂ ਕਿਹਾ ਕਿ ਉਹ ਮੰਡੀਆਂ ਵਿੱਚ ਸੁੱਕਾ ਝੋਨਾ ਹੀ ਲੈ ਕੇ ਆਉਣ ਤਾਂ ਜੋ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਸਮੱਸਿਆ ਦਰਪੇਸ਼ ਨਾ ਆਵੇ। ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਇਹ ਵੀ ਕਿਹਾ ਕਿ ਪਰਾਲੀ ਨੂੰ ਅੱਗ ਨਾ ਲਗਾਈ ਜਾਵੇ ਸਗੋਂ ਆਧੁਨਿਕ ਮਸ਼ੀਨਰੀ ਰਾਹੀਂ ਇਸ ਦਾ ਨਿਪਟਾਰਾ ਕਰਨ ਨੂੰ ਤਰਜ਼ੀਹ ਦਿੱਤੀ ਜਾਵੇ।

ਉਨ੍ਹਾਂ ਕਿਸਾਨਾਂ ਇਹ ਵੀ ਕਿਹਾ ਕਿ ਪਰਾਲੀ ਨੂੰ ਅੱਗ ਨਾ ਲਗਾਉਣ ਨਾਲ ਜਿਥੇ ਜ਼ਮੀਨ ਦੀ ਉਪਜਾਊ ਸ਼ਕਤੀ ਵਿੱਚ ਵਾਧਾ ਹੁੰਦਾ ਏ ਉਥੇ ਹੀ ਜ਼ਮੀਨ ਬੰਜਰ ਹੋਣ ਤੋਂ ਬਚਦੀ ਏ । ਓਧਰ ਫਰੀਦਕੋਟ ਦੇ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਨੇ ਦੱਸਿਆ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਤਰਾਂ ਦੀ ਦਿੱਕਤ ਨਹੀ ਆਉਣ ਦਿੱਤੀ ਜਾ ਰਹੀ ਏ। ਉਨ੍ਹਾਂ ਦੱਸਿਆ ਕਿ ਬੀਤੀਂ ਸ਼ਾਮ ਤੱਕ ਜਿਲ੍ਹੇ ਦੀਆਂ ਮੰਡੀਆਂ ਵਿੱਚ 3 ਲਖ 42 ਹਜ਼ਾਰ 295 ਮੀਟਰਕ ਟਨ ਝੋਨੇ ਦੀ ਆਮਦ ਹੋਈ । ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਹੁਣ ਤੱਕ 660 ਕਰੋੜ 88 ਲਖ ਰੁਪਏ ਦੀ ਅਦਾਇਗੀ ਵੀ ਕੀਤੀ ਜਾ ਚੁੱਕੀ ਏ।

-------------------------------------------------------------

42ਵੇਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਵਿੱਚ ਅੱਜ ਭਾਰਤ ਪੈਟਰੋਲੀਅਮ ਦਾ ਮੁਕਾਬਲਾ ਬੀ.ਐਸ.ਐਫ ਜਲੰਧਰ ਨਾਲ ਅਤੇ ਇੰਡੀਅਨ ਆਇਲ ਮੁੰਬਈ ਦਾ ਮੁਕਾਬਲਾ ਰੇਲ ਕੋਚ ਫੈਕਟਰੀ ਕਪੂਰਥਲਾ ਨਾਲ ਹੋ ਰਿਹਾ ਏ।

-------------------------------------------------------------

ਭਾਰਤ ਨੇ ਚੀਨ ਦੇ ਚੇਂਗਦੂ ਵਿੱਚ, ਬੈਡਮਿੰਟਨ ਏਸ਼ੀਆ ਅੰਡਰ 17 ਅਤੇ ਅੰਡਰ 15 ਚੈਂਪੀਅਨਸ਼ਿਪ 2025 ਵਿੱਚ, ਕੁੜੀਆਂ ਦੇ ਸਿੰਗਲਜ਼ ਮੁਕਾਬਲਿਆਂ ਵਿੱਚ, ਦੋ ਸੋਨੇ ਦੇ ਤਮਗੇ ਜਿੱਤੇ ਨੇ। ਸ਼ਾਇਨਾ ਮਨਿਮੁਥੂ

ਅਤੇ ਦੀਕਸ਼ਾ ਸੁਧਾਕਰ ਨੇ ਆਪਣੇ-ਆਪਣੇ ਵਰਗਾਂ ਵਿੱਚ ਇਹ ਤਮਗੇ ਹਾਸਿਲ ਕੀਤੇ। ਅੰਡਰ 15 ਸਿੰਗਲਜ਼ ਫਾਈਨਲ ਵਿੱਚ, ਸ਼ਾਇਨਾ ਨੇ ਜਾਪਾਨ ਦੀ ਚਿਹਾਰੁ ਤੋਮੀਤਾ ਨੂੰ 21-14, 22-20 ਨਾਲ ਹਰਾਇਆ, ਜਦੋਂ ਕਿ ਅੰਡਰ 17 ਸਿੰਗਲਜ਼ ਫਾਈਨਲ ਵਿੱਚ ਦੀਕਸ਼ਾ ਸੁਧਾਕਰ ਨੇ ਹਮਵਤਨ ਲੈਕਸ਼ਜ  ਰਾਜੇਸ਼  ਨੂੰ 21-16, 21-9 ਨਾਲ ਹਰਾਇਆ। ਦੀਕਸ਼ਾ, ਜੂਨੀਅਰ ਏਸ਼ੀਆਈ ਚੈਂਪੀਅਨਸ਼ਿਪ ਵਿੱਚ, ਅੰਡਰ 17 ਖਿਤਾਬ ਜਿੱਤਣ ਵਾਲੀ ਪਹਿਲੀ ਭਾਰਤੀ ਸਿੰਗਲਜ਼ ਖਿਡਾਰਨ ਵੀ ਬਣ ਗਈ ਏ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਆਕਾਸ਼ਵਾਣੀ 'ਤੇ ਆਪਣੇ ਮਨ ਕੀ ਬਾਤ ਪ੍ਰੋਗਰਾਮ ਵਿੱਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ - ਕਿਹਾ ਛੱਠ ਦਾ ਮਹਾਪਰਵ, ਸੱਭਿਆਚਾਰ, ਕੁਦਰਤ ਅਤੇ ਸਮਾਜ ਦਰਮਿਆਨ ਏਕਤਾ ਦਾ ਪ੍ਰਤੀਕ ਏ ।

- ਪੰਜਾਬ ਦੇ ਕੈਬਿਨੇਟ ਮੰਤਰੀ ਡਾ. ਬਲਜੀਤ ਕੌਰ ਵਲੋਂ ਬੁਢਾਪਾ ਪੈਨਸ਼ਨ ਯੋਜਨਾ ਤਹਿਤ ਪੈਨਸ਼ਨ ਸਮੇਂ ਸਿਰ ਜਾਰੀ ਕਰਨ ਬਾਰੇ ਸੰਬਧਤ ਅਧਿਕਾਰੀਆਂ ਨੂੰ ਸਖ਼ਤ ਨਿਰਦੇਸ਼ ।

- ਪੰਜਾਬ ਵਿਜੀਲੈਂਸ ਬਿਊਰੋ ਵੱਲੋਂ 27 ਅਕਤੂਬਰ ਤੋਂ 2 ਨਵੰਬਰ ਤੱਕ, ਸੂਬੇ ਭਰ ਵਿੱਚ “ਵਿਜੀਲੈਂਸ ਜਾਗਰੂਕਤਾ ਹਫਤੇ -2025” ਦੀ ਸ਼ੁਰੂਆਤ।

- ਭਾਰਤ ਨੇ ਚੀਨ ਦੇ ਚੇਂਗਦੂ ਵਿਖੇ, ਬੈਡਮਿੰਟਨ ਏਸ਼ੀਆ ਚੈਂਪੀਅਨਸ਼ਿਪ 2025 'ਚ, ਕੁੜੀਆਂ ਦੇ ਸਿੰਗਲਜ਼ ਮੁਕਾਬਲਿਆਂ ਵਿੱਚ, ਦੋ ਸੋਨੇ ਦੇ ਤਮਗੇ ਜਿੱਤੇ।

---

**ਇਸਦੇ ਨਾਲ ਪ੍ਰਾਦੇਸ਼ਿਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**